# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਦਾ ਵਾਰਡ ਨੰ: 35 ਦੇ ਮੁਹੱਲਾ ਨਿਵਾਸੀਆਂ ਨੇ ਨਵੇਂ ਟਿਊਬਵੈਲ ਦਾ ਪਾਣੀ ਮਿਲਣ ਤੇ ਕੀਤਾ ਧੰਨਵਾਦ

### ਮੇਅਰ ਸ਼ਿਵ ਸੂਦ ਨੇ ਮੁਹੱਲਾ ਵਾਸੀਆਂ ਨੂੰ ਗਰਮੀ ਦੇ ਮੌਸਮ ਵਿੱਚ ਦਿੱਤਾ ਪੀਣ ਵਾਲੇ ਪਾਣੀ ਦਾ ਤੋਹਫਾ

ਹੁਸ਼ਿਆਰਪੁਰ 01 ਜੂਨ ਨਗਰ ਨਿਗਮ ਦੇ ਵਾਰਡ ਨੰ: 35 ਵਿਖੇ ਪੀਣ ਵਾਲੇ ਪਾਣੀ ਦੇ ਲਗਾਏ ਗਏ ਨਵੇਂ ਟਿਊਬਵੈਲ ਦੇ ਸ਼ੁਰੂ ਹੋਣ ਤੇ ਮੁਹੱਲਾ ਨਿਵਾਸੀਆਂ ਨੇ ਕੌਂਸਲਰ ਨਿਪੁਨ ਸ਼ਰਮਾ ਦੀ ਅਗਵਾਈ ਵਿੱਚ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਕੌਂਸਲਰ ਨਿਪੁਨ ਸ਼ਰਮਾ ਨੇ ਦੱਸਿਆ ਕਿ ਵਾਰਡ ਨੰ: 35 ਦੇ ਮੁਹੱਲਾ ਕਮੇਟੀ ਬਜ਼ਾਰ, ਅਸ਼ੋਕ ਨਗਰ, ਰਾਮ ਨਗਰ ਅਤੇ ਪ੍ਰਲਾਦ ਨਗਰ ਦੇ ਨਿਵਾਸੀਆਂ ਵੱਲੋਂ ਕਾਫੀ ਦੇਰ ਤੋਂ ਪੀਣ ਵਾਲੇ ਪਾਣੀ ਦੀ ਕਮੀ ਦੂਰ ਕਰਨ ਲਈ ਮੰਗ ਕੀਤੀ ਜਾ ਰਹੀ ਸੀ। ਇਸ ਟਿਊਬਵੈਲ ਨੂੰ ਲਗਾਉਣ ਦਾ ਕੰਮ ਕੁੱਝ ਸਮਾਂ ਪਹਿਲਾਂ ਹੀ ਸ਼ੁਰੂ ਕੀਤਾ ਸੀ, ਜਿਸ ਨੂੰ ਥੋੜੇ ਸਮੇਂ ਵਿੱਚ ਹੀ ਪੂਰਾ ਕਰਕੇ ਅੱਜ ਚਾਲੂ ਕਰ ਦਿੱਤਾ ਗਿਆ ਹੈ ਅਤੇ ਗਰਮੀ ਦੇ ਇਸ ਮੌਸਮ ਵਿੱਚ ਪੀਣ ਵਾਲੇ ਪਾਣੀ ਦੀ ਕਮੀ ਨੂੰ ਦੂਰ ਕਰਕੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਮੁਹੱਲਾ ਵਾਸੀਆਂ ਨੂੰ ਤੋਹਫਾ ਦਿੱਤਾ ਹੈ। ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਇਸ ਟਿਊਬਵੈਲ ਦੇ ਚਾਲੂ ਹੋਣ ਨਾਲ ਵਾਰਡ ਨੰ: 35 ਦੇ ਨਿਵਾਸੀਆਂ ਨੂੰ ਇਸ ਗਰਮੀ ਦੇ ਮੌਸਮ ਵਿੱਚ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਰਹੇਗੀ ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਨਾ ਕਰਨ ਅਤੇ ਇਸ ਦੀ ਵਰਤੋਂ ਸੰਜਮ ਨਾਲ ਕੀਤੀ ਜਾਵੇ ਤਾਂ ਜ਼ੋ ਸਾਰੇ ਸ਼ਹਿਰ ਵਾਸੀਆਂ ਨੂੰ ਪੀਣ ਵਾਲਾ ਪਾਣੀ ਨਿਰਵਿਘਨ ਮਿਲਦਾ ਰਹੇ।

ਵਾਰਡ ਨੰ: 37 ਦੇ ਕੌਂਸਲਰ ਸੁਦਰਸ਼ਨ ਧੀਰ ਨੇ ਵੀ ਇਸ ਮੌਕੇ ਤੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਇਸ ਟਿਊਬਵੈਲ ਦੇ ਸ਼ੁਰੂ ਹੋਣ ਨਾਲ ਉਹਨੇ ਦੇ ਵਾਰਡ ਦੇ ਕੁੱਝ ਮੁਹੱਲਿਆਂ ਵਿੱਚ ਵੀ ਪੀਣ ਵਾਲੇ ਪਾਣੀ ਦੀ ਕਮੀ ਦੂਰ ਹੋਵੇਗੀ। ਨਗਰ ਨਿਗਮ ਦੇ ਐਸ.ਡੀ.ਓ ਹਰਪ੍ਰੀਤ ਸਿੰਘ, ਜੇ.ਈ ਮਕੈਨੀਕਲ ਅਸ਼ਵਨੀ ਕੁਮਾਰ ਸ਼ਰਮਾ, ਕੌਂਸਲਰ ਸੁਰੇਸ਼ ਭਾਟੀਆ ਬਿੱਟੂ, ਬਲਵਿੰਦਰ ਬਿੰਦੀ, ਰੂਪ ਲਾਲ ਥਾਪਰ, ਵਿਕਰਮ ਸਿੰਘ ਕਲਸੀ, ਨਰਿੰਦਰ ਸਿੰਘ, ਵਿਨੇ ਕੁਮਾਰ, ਯਸ਼ਪਾਲ ਸ਼ਰਦਾਨਾ, ਚੰਦਰ ਮੋਹਨ ਗੁਪਤਾ, ਦਵਿੰਦਰ ਗੁਪਤਾ, ਸੰਤ ਕੁਮਾਰ, ਰੋਮੀ, ਸੁਰਿੰਦਰ ਜੱਜੂ, ਸੰਨੀ ਕੁਮਾਰ, ਚੰਦਰ ਸ਼ੇਖਰ ਸੂਦ, ਅਨਿਲ ਡੋਗਰਾ, ਤਨੂੰ, ਸੁਨੀਲ ਸੈਣੀ, ਬਾਂਕਾ, ਪ੍ਰਵੀਨ ਕੁਮਾਰੀ, ਪੂਜਾ, ਮੀਨਾ, ਕਾਂਤਾ, ਪੁਸ਼ਪਾ, ਬਿਮਲਾ, ਰਮਾ ਸੇਠੀ ਅਤੇ ਮੁਹੱਲਾ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।